# SAWAN CELEBRATION

## ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਵਿੱਚ ਲੱਗੀਆਂ ਤੀਆਂ ਦੀਆਂ ਰੌਣਕਾਂ ਲੱਗੀਆਂ



ਫਤਿਹ ਟਾਈਮਜ਼

ਚੋਹਲਾ ਸਾਹਿਬ, 13 ਅਗਸਤ (ਰਾਕੇਸ਼ ਬਾਵਾ,ਪਰਮਿੰਦਰ ਚੋਹਲਾ)। ਇਲਾਕੇ ਦੀ ਪੰਜਾਹ ਸਾਲ ਪੁਰਾਣੀ ਨਾਮਵਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਵਿੱਚ ਵਿਦਿਆਰਥੀਆਂ ਨੂੰ ਪੰਜਾਬੀ ਸੱਭਿਆਚਾਰ ਨਾਲ ਜੋੜਨ ਦੇ ਉਪਰਾਲੇ ਤਹਿਤ ਸੱਭਿਆਚਾਰ ਦੇ ਅਨਿੱਖੜਵੇਂ ਅੰਗ ਤੀਆਂ ਦਾ ਤਿਉਹਾਰ ਮਨਾਇਆ ਗਿਆ। ਸੰਤ ਬਾਬਾ ਸੁੱਖਾ ਸਿੰਘ ਜੀ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੀ ਸਰਪ੍ਰਸਤੀ ਅਧੀਨ ਇਹ ਸੰਸਥਾ ਦਿਨ ਦੁੱਗਣੀ ਤੇ ਰਾਤ ਚੌਗੁਣੀ ਤਰੱਕੀ ਕਰ ਰਹੀ ਹੈ। ਇਸ ਸੰਸਥਾ ਨੇ ਸਮੇਂ-ਸਮੇਂ ਹਰੇਕ ਖੇਤਰ ਅਕਾਦਮਿਕ, ਸੱਭਿਆਚਾਰ ਤੇ ਖੇਡਾਂ ਵਿੱਚ ਮੱਲਾਂ ਮਾਰੀਆਂ ਹਨ। ਪੜ੍ਹਾਈ ਦੇ ਨਾਲ-ਨਾਲ ਵਿਦਿਆਰਥੀਆਂ ਦੇ ਬੌਧਿਕ ਤੇ ਮਾਨਸਿਕ ਵਿਕਾਸ ਲਈ ਆਪਣੇ ਸੱਭਿਆਚਾਰ ਨਾਲ ਜੁੜੇ ਰਹਿਣਾ ਬਹੁਤ ਜਰੂਰੀ ਹੈ। ਇਸੇ ਰਵਾਇਤ ਨੂੰ ਬਰਕਰਾਰ ਰੱਖਣ ਲਈ ਕਾਲਜ ਦੇ ਵਿਹੜੇ ਵਿੱਚ ਤੀਆਂ ਦੇ ਤਿਉਹਾਰ ਦੀਆਂ ਰੌਣਕਾਂ ਲੱਗੀਆਂ। ਕਾਲਜ ਦੀਆਂ ਵਿਦਿਆਰਥਣਾਂ ਨੇ ਗਿੱਧਾ ਬੋਲੀਆਂ ਦੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ। ਜਿਸ ਵਿੱਚ ਸਾਵਣ ਮਹੀਨੇ ਦੀ ਉਸਤਤ ਨਾਲ ਸੰਬੰਧਿਤ ਬੋਲੀਆਂ ਪਾਈਆਂ ਤੇ ਗੀਤ ਗਾਏ ਗਏ। ਕਾਲਜ ਦੇ ਪ੍ਰਿੰਸੀਪਲ ਡਾ: ਜਸਬੀਰ ਸਿੰਘ ਗਿੱਲ ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਇਆ ਦੱਸਿਆ ਕਿ ਤੀਆਂ ਤੇ ਕੁਦਰਤ ਦਾ ਆਪਸ ਵਿੱਚ ਬਹੁਤ ਗੂੜਾ ਰਿਸ਼ਤਾ ਹੈ। ਉਹਨਾਂ ਨੇ ਇਹ ਵੀ ਅਪੀਲ ਕੀਤੀ ਕਿ ਵਿਦਿਆਰਥੀ ਆਪਣੇ ਇਸ ਅਮੀਰ ਵਿਰਸੇ ਨਾਲ ਜੁੜ ਕੇ ਰਹਿਣ। ਉਨ੍ਹਾਂ ਦੱਸਿਆ ਕਿ ਸਾਵਣ ਮਹੀਨੇ ਲੜਕੀਆਂ ਤੀਆਂ ਦੇ ਤਿਉਹਾਰ ਮੌਕੇ ਇਕੱਠੀਆਂ ਹੋ ਕੇ ਬੋਲੀਆਂ ਰਾਹੀਂ ਆਪਣੇ ਮਨ ਦੇ ਭਾਵ ਸਾਂਝੇ ਕਰਦੀਆਂ ਹਨ ਤੇ ਇਸ ਤਿਉਹਾਰ ਦੀ ਪੰਜਾਬ ਦੇ ਸੱਭਿਆਚਾਰ ਵਿੱਚ ਬਹੁਤ ਅਹਿਮੀਅਤ ਹੈ। ਉਨ੍ਹਾਂ ਕਿਹਾ ਕਿ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਆਪਣੇ ਵਿਰਸੇ ਨੂੰ ਸਾਂਭ ਕੇ ਰੱਖੀਏ। ਇਸ ਮੌਕੇ ਕਾਲਜ ਦੇ ਸਮੂਹ ਵਿਦਿਆਰਥੀ ਤੇ ਸਟਾਫ ਨੇ ਰਲ ਕੇ ਤੀਆਂ ਦੇ ਪ੍ਰੋਗਰਾਮ ਦੀ ਸ਼ੋਭਾ ਵਧਾਈ।

# ENVIRONMENT RALLY




ਚੇਤਨਾ ਰੈਲੀ ਮੌਕੇ ਸਰਹਾਲੀ ਕਾਲਜ ਦੇ ਵਿਦਿਆਰਥੀ ਅਤੇ ਅਧਿਆਪਕ। ਤਸਵੀਰ: ਚੁੰਦਲ

## 7 ਰੋਜ਼ਾ ਐੱਨ.ਐੱਸ.ਐੱਸ. ਕੈਂਪ ਦੌਰਾਨ ਵਾਤਾਵਰਨ ਨੂੰ ਬਚਾਉਣ ਲਈ ਜਾਗਰੂਕਤਾ ਰੈਲੀ

ਸਰਹਾਲੀ ਕਲਾਂ, 4 ਜਨਵਰੀ (ਅਜੇ ਸਿੰਘ ਚੁੰਦਲ) - ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਸਰਹਾਲੀ ਵਿੱਦਿਆ ਦਾ ਚਾਨਣ ਫੈਲਾਉਣ ਤੋਂ ਇਲਾਵਾ ਇਲਾਕੇ ਵਿਚ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਵੀ ਵਧੀਆ ਢੰਗ ਨਾਲ ਨਿਭਾਇਆ ਜਾ ਰਿਹਾ ਹੈ। ਕਾਲਜ ਵਿਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਸਹਿਯੋਗ ਨਾਲ ਮਿਤੀ 2 ਜਨਵਰੀ 2023 ਤੋਂ ਚੱਲ ਰਹੇ 7 ਰੋਜ਼ਾ ਕੈਂਪ ਦੇ ਦੌਰਾਨ ਅੱਜ ਐੱਨ.ਐੱਸ.ਐੱਸ. ਵਲੰਟੀਅਰਜ਼ ਵਲੋਂ ਸਰਹਾਲੀ ਪਿੰਡ ਦੇ ਲੋਕਾਂ ਨੂੰ ਜਾਗਰੂਕ ਕਰਨ ਲਈ ਵਾਤਾਵਰਣ ਚੇਤਨਾ ਮੁਹਿੰਮ ਅਧੀਨ ਰੈਲੀ ਕੱਢ ਕੇ ਵਾਤਾਵਰਣ ਨੂੰ ਬਚਾਉਣ ਲਈ ਵੱਖ-ਵੱਖ ਨਾਅਰੇ, ਜਿਵੇਂ 'ਜੀਵ ਜਗਤ ਦੀ ਚਾਹੁੰਦੇ ਹੋ ਰੱਖਿਆ ਤਾਂ ਵਾਤਾਵਰਣ ਦੀ ਕਰੋ ਸੁਰੱਖਿਆ', 'ਧਰਤੀ ਨੂੰ ਹੈ ਜੇ ਬਚਾਉਣਾ', 'ਵਾਤਾਵਰਣ ਨੂੰ ਪਵੇਗਾ ਬਚਾਉਣਾ', 'ਵਾਤਾਵਰਣ ਦਾ ਸੁਧਾਰ ਤਾਂ ਖੁਸ਼ੀਆਂ ਅਪਾਰ', 'ਵਾਤਾਵਰਣ ਦੀ ਰੱਖਿਆ ਲਈ ਕਰੋ ਕਰਮ, ਇਹੋ ਹੈ ਅੱਜ ਦਾ ਸੱਚਾ ਧਰਮ', 'ਵਾਤਾਵਰਨ ਦੀ ਕਰੋ ਸੰਭਾਲ ਸਾਖਰਤਾ ਦੀ ਬਣੋ ਮਿਸਾਲ', 'ਇਹ ਧਰਤੀ ਸਾਡੀ ਮਾਂ ਹੈ ਇਸ ਨੂੰ ਬਚਾਉਣਾ ਤਾਂ ਹੈ', ਦੇ ਨਾਲ-ਨਾਲ ਪਰਾਲੀ ਤੇ ਨਾੜ ਸਾੜਨ 'ਤੇ ਉਸ ਤੋਂ ਹੋਣ ਵਾਲੇ ਪ੍ਰਦੂਸ਼ਣ ਦੇ ਨੁਕਸਾਨ ਪ੍ਰਤੀ ਵੀ ਇਲਾਕੇ ਦੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ।

# BLOOD DONATION CAMP



# TEACHER DAY CELEBRATION

